# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 23-10-2024**

ਪੰਜਾਬ ਤੇ ਹਰਿਆਣਾ ਵਿਚ ਪਰਾਲੀ ਸਾੜਨ ਦੇ ਮਾਮਲਿਆਂ ਨੂੰ ਲੈ ਕੇ ਅੱਜ ਸੁਪਰੀਮ ਕੋਰਟ ਵਿਚ ਸੁਣਵਾਈ ਹੋਣੀ ਏ। ਇਸ ਸੁਣਵਾਈ ਦੌਰਾਨ ਦੋਵਾਂ ਸੂਬਿਆਂ ਦੇ ਮੁੱਖ ਸਕੱਤਰਾਂ ਪੇਸ਼ ਹੋਣਗੇ। ਪਰਾਲੀ ਸਾੜਨ ਤੋਂ ਰੋਕਣ ਲਈ ਕੀਤੀ ਗਈ ਕਾਰਵਾਈ ਬਾਰੇ ਸਰਬਉਚ ਅਦਾਲਤ ਨੂੰ ਜਾਣਕਾਰੀ ਦਿਤੀ ਜਾਵੇਗੀ। ਯਾਦ ਰਹੇ, ਪਿਛਲੀ ਸੁਣਵਾਈ ਦੌਰਾਨ ਸਰਬਉਚ ਅਦਾਲਤ ਨੇ ਦੋਵਾਂ ਸੂਬਿਆਂ ਨੂੰ ਝਾੜ ਪਾਈ ਸੀ ਕਿ ਉਹ ਪਰਾਲੀ ਸਾੜਨ ‘ਤੇ ਰੋਕ ਲਾਉਣ ਤੇ ਕਸੂਰਵਾਰਾਂ ਖਿਲਾਫ ਕਾਰਵਾਈ ਕਰਨ ਪਖੋਂ ਨਾਕਾਮ ਸਾਬਤ ਹੋਏ ਨੇ। ਅਦਾਲਤ ਨੇ ਕਿਹਾ ਕਿ ਜੇ ਇਸ ਦੇ ਹੁਕਮਾਂ ਦੀ ਪਾਲਣਾ ਨਾ ਕੀਤੀ ਗਈ ਤਾਂ ਮਾਣਹਾਨੀ ਦਾ ਕੇਸ ਦਰਜ ਕੀਤਾ ਜਾਵੇਗਾ।

---

ਪੰਜਾਬ 'ਚ ਚਾਰ ਵਿਧਾਨ ਸਭਾ ਹਲਕਿਆਂ ਵਿਚ ਜ਼ਿਮਨੀ ਚੋਣਾਂ ਲਈ

ਭਾਰਤੀ ਜਨਤਾ ਪਾਰਟੀ ਨੇ ਤਿੰਨ ਤੇ ਕਾਂਗਰਸ ਨੇ 4 ਉਮੀਦਵਾਰਾਂ ਦਾ ਐਲਾਨ ਕਰ ਦਿੱਤਾ ਏ। ਭਾਜਪਾ ਨੇ ਗਿੱਦੜਬਾਹਾ ਤੋਂ ਮਨਪ੍ਰੀਤ ਬਾਦਲ, ਬਰਨਾਲਾ ਤੋਂ ਕੇਵਲ ਸਿੰਘ ਢਿੱਲੋਂ ਤੇ ਡੇਰਾ ਬਾਬਾ ਨਾਨਕ ਤੋਂ ਰਵੀਕਰਨ ਕਾਹਲੋਂ ਨੂੰ ਉਮੀਦਵਾਰ ਬਣਾਇਆ ਏ। ਰਾਖਵੇਂ ਹਲਕੇ ਚੱਬੇਵਾਲ ਤੋਂ ਭਾਜਪਾ ਨੇ ਕਿਸੇ ਉਮੀਦਵਾਰ ਦਾ ਨਾਅ ਨਹੀਂ ਐਲਾਨਿਆ ਏ। ਓਧਰ, ਕਾਂਗਰਸ ਨੇ 'ਗਿੱਦੜਬਾਹਾ ਤੋਂ ਅੰਮ੍ਰਿਤਾ ਵੜਿੰਗ, ਬਰਨਾਲਾ ਤੋਂ ਕੁਲਦੀਪ ਸਿੰਘ ਢਿਲੋਂ, ਡੇਰਾ ਬਾਬਾ ਨਾਨਕ ਤੋਂ ਜਤਿੰਦਰ ਕੌਰ ਅਤੇ ਚੱਬੇਵਾਲ ਤੋਂ ਰਣਜੀਤ ਕੁਮਾਰ ਨੂੰ ਟਿਕਟ ਦਿੱਤੀ ਏ।

---------------------------------------------------------

ਭਾਰਤ ਅਤੇ ਪਾਕਿਸਤਾਨ, ਸ੍ਰੀ ਕਰਤਾਰਪੁਰ ਸਾਹਿਬ ਲਾਂਘੇ 'ਤੇ ਸਮਝੌਤੇ ਦੀ ਵੈਧਤਾ ਨੂੰ ਪੰਜ ਸਾਲਾਂ ਲਈ ਹੋਰ ਵਧਾਉਣ ਲਈ ਸਹਿਮਤ ਹੋ ਗਏ ਨੇ। ਕਰਤਾਰਪੁਰ ਸਾਹਿਬ ਲਾਂਘੇ ਰਾਹੀਂ ਭਾਰਤ ਤੋਂ ਗੁਰਦੁਆਰਾ ਦਰਬਾਰ ਸਾਹਿਬ ਕਰਤਾਰਪੁਰ, ਨਾਰੋਵਾਲ, ਪਾਕਿਸਤਾਨ ਦੇ ਸ਼ਰਧਾਲੂਆਂ ਦੀ ਯਾਤਰਾ ਦੀ ਸਹੂਲਤ ਲਈ 24 ਅਕਤੂਬਰ 2019 ਨੂੰ ਸਮਝੌਤੇ 'ਤੇ ਦਸਤਖਤ ਕੀਤੇ ਗਏ ਸਨ ਅਤੇ ਇਹ ਪੰਜ ਸਾਲਾਂ ਦੀ ਮਿਆਦ ਲਈ ਵੈਧ

ਸੀ । ਵਿਦੇਸ਼ ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ ਏ ਕਿ ਇਸ ਸਮਝੌਤੇ ਦੀ ਵੈਧਤਾ ਨੂੰ ਵਧਾਉਣ ਨਾਲ ਪਾਕਿਸਤਾਨ ਵਿੱਚ ਪਵਿੱਤਰ ਗੁਰਦੁਆਰਾ ਸਾਹਿਬ ਦੇ ਦਰਸ਼ਨਾਂ ਲਈ ਲਾਂਘੇ ਦੇ ਨਿਰਵਿਘਨ ਸੰਚਾਲਨ ਨੂੰ ਯਕੀਨੀ ਬਣਾਇਆ ਜਾਵੇਗਾ । ਪਾਕਿਸਤਾਨ ਵੱਲੋਂ ਹਰ ਸ਼ਰਧਾਲੂ ਤੇ ਹਰ ਵਾਰ ਲਏ ਜਾਣ ਵਾਲੇ 20 ਡਾਲਰ ਦੇ ਸਰਵਿਸ ਚਾਰਜ ਨੂੰ ਹਟਾਉਣ ਸੰਬੰਧੀ ਸ਼ਰਧਾਲੂਆਂ ਦੀਆਂ ਲਗਾਤਾਰ ਬੇਨਤੀਆਂ ਦੇ ਮੱਦੇਨਜ਼ਰ, ਭਾਰਤ ਨੇ ਇੱਕ ਵਾਰ ਫੇਰ ਪਾਕਿਸਤਾਨ ਨੂੰ ਸ਼ਰਧਾਲੂਆਂ 'ਤੇ ਕੋਈ ਫੀਸ ਜਾਂ ਚਾਰਜ ਨਾ ਲਗਾਉਣ ਦੀ ਅਪੀਲ ਕੀਤੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਵਿਦੇਸ਼ ਮੰਤਰੀ ਡਾਕਟਰ ਐਸ ਜੈਸ਼ੰਕਰ ਨੇ ਕਿਹਾ ਏ ਕਿ ਨਰੇਂਦਰ ਮੋਦੀ ਸਰਕਾਰ, ਦੇਸ਼ ਦੇ ਸਿੱਖ ਭਾਈਚਾਰੇ ਨੂੰ ਉਨ੍ਹਾਂ ਦੇ ਪਵਿੱਤਰ ਸਥਾਨਾਂ ਤੱਕ ਪਹੁੰਚ ਦੀ ਸਹੂਲਤ ਜਾਰੀ ਰੱਖੇਗੀ । ਇਸੇ ਦੌਰਾਨ ਸ੍ਰੀ ਕਰਤਾਰਪੁਰ ਸਾਹਿਬ ਲਾਂਘੇ ਦੇ ਸਮਝੋਤੇ ਨੂੰ ਪੰਜ ਸਾਲ ਹੋਰ ਵਾਧਾ ਦੇਣ ਤੇ ਸ੍ਰੋਮਣੀ ਕਮੇਟੀ ਮੈਂਬਰ ਗੁਰਚਰਨ ਸਿੰਘ ਗਰੇਵਾਲ ਨੇ ਭਾਰਤ ਤੇ ਪਾਕਿਸਤਾਨ ਦੀ ਸਰਕਾਰਾਂ ਨੂੰ ਵਧਾਈ ਦਿੰਦੇ ਹੋਏ ਫੈਸਲੇ ਦਾ ਸਵਾਗਤ ਕੀਤਾ ਏ।

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਵਿੱਚ ਖਰੀਦ ਪ੍ਰਬੰਧਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਦਖਲ ਦੀ ਮੰਗ ਕੀਤੀ ਏ। ਕੱਲ ਕੇਂਦਰੀ ਗ੍ਰਹਿ ਮੰਤਰੀ ਨਾਲ ਟੈਲੀਫੋਨ 'ਤੇ ਗੱਲਬਾਤ ਦੌਰਾਨ ਭਗਵੰਤ ਸਿੰਘ ਮਾਨ ਨੇ ਉਨ੍ਹਾਂ ਨੂੰ ਨਿਰਵਿਘਨ ਖਰੀਦ ਕਾਰਜਾਂ ਵਿੱਚ ਆ ਰਹੀਆਂ ਰੁਕਾਵਟਾਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਕੇਂਦਰੀ ਗ੍ਰਹਿ ਮੰਤਰੀ ਨੂੰ ਦੱਸਿਆ ਕਿ ਢੋਆ-ਢੁਆਈ ਦੀ ਲਾਗਤ, ਭੰਡਾਰਨ ਦੀ ਘਾਟ, ਹਾਈਬ੍ਰਿਡ ਕਿਸਮਾਂ ਦੀ ਗੁਣਵੱਤਾ ਦਾ ਮੁੱਦਾ ਅਤੇ ਸ਼ੈਲਰ ਮਾਲਕਾਂ ਨੂੰ ਨੁਕਸਾਨ ਵਰਗੇ ਮੁੱਦੇ ਖਰੀਦ ਪ੍ਰਕਿਰਿਆ ਨੂੰ ਖ਼ਤਰੇ ਵਿੱਚ ਪਾ ਰਹੇ ਨੇ। ਮੁੱਖ ਮੰਤਰੀ ਨੇ ਕੇਂਦਰ ਸਰਕਾਰ ਨੂੰ ਦੇਸ਼ ਦੇ ਵਡੇਰੇ ਹਿੱਤ ਵਿੱਚ, ਇਨ੍ਹਾਂ ਮੁੱਦਿਆਂ ਦੇ ਹੱਲ ਵੱਲ ਧਿਆਨ ਦੇਣ ਦੀ ਅਪੀਲ ਕੀਤੀ।

---------------------------------------------------

ਹਾਕੀ ਵਿੱਚ, ਭਾਰਤ ਅਤੇ ਜਰਮਨੀ ਦਰਮਿਆਨ ਚਿਰਾਂ ਤੋਂ ਉਡੀਕੀ ਜਾ ਰਹੀ ਦੁਵੱਲੀ ਲੜੀ ਅੱਜ ਨਵੀਂ ਦਿੱਲੀ ਦੇ ਮੇਜਰ ਧਿਆਨ ਚੰਦ ਨੈਸ਼ਨਲ

ਸਟੇਡੀਅਮ ਵਿੱਚ ਸ਼ੁਰੂ ਹੋਵੇਗੀ । ਮੈਚ ਦੁਪਹਿਰ ਬਾਅਦ 3 ਵਜੇ ਸ਼ੁਰੂ ਹੋਵੇਗਾ । ਇਹ ਲੜੀ ਵਿਸ਼ੇਸ਼ ਏ ਕਿਉਂਕਿ ਇਸ ਨਾਲ, ਇੱਕ ਦਹਾਕੇ ਬਾਅਦ ਭਾਰਤ ਦੀ ਰਾਜਧਾਨੀ ਵਿੱਚ ਅੰਤਰਰਾਸ਼ਟਰੀ ਹਾਕੀ ਦੀ ਵਾਪਸੀ ਹੋ ਰਹੀ ਏ । ਨਾਲ ਹੀ, ਹਰਮਨਪ੍ਰੀਤ ਸਿੰਘ ਦੀ ਅਗਵਾਈ ਵਾਲੀ ਟੀਮ ਇੰਡੀਆ, ਜਰਮਨੀ ਦੇ ਖਿਲਾਫ ਦੋ ਮੈਚ ਖੇਡੇਗੀ, ਜੋ ਮੌਜੂਦਾ ਵਿਸ਼ਵ ਚੈਂਪੀਅਨ ਅਤੇ ਪੈਰਿਸ ਓਲੰਪਿਕ ਵਿੱਚ ਚਾਂਦੀ ਦਾ ਤਗਮਾ ਜੇਤੂ ਏ । ਭਾਰਤ ਪੈਰਿਸ 2024 ਦੇ ਸੈਮੀਫਾਈਨਲ 'ਚ 3-2 ਨਾਲ ਮਿਲੀ ਹਾਰ ਦਾ ਬਦਲਾ ਲੈਣ ਦੀ ਕੋਸ਼ਿਸ਼ ਕਰੇਗਾ. ਇਸ ਦੌਰਾਨ, ਹਾਕੀ ਇੰਡੀਆ ਨੇ ਡਿਜੀਟਲ ਟਿਕਟਿੰਗ ਪ੍ਰਣਾਲੀ ਰਾਹੀਂ ਸਟੇਡੀਅਮ ਵਿੱਚ ਦਰਸ਼ਕਾਂ ਲਈ ਮੁਫ਼ਤ ਦਾਖ਼ਲੇ ਦਾ ਐਲਾਨ ਕੀਤਾ ਏ । ਪ੍ਰਸ਼ੰਸਕ, ਡੀਡੀ ਸਪੋਰਟਸ 'ਤੇ ਵੀ ਮੈਚ ਦੀ ਲਾਈਵ ਸਟ੍ਰੀਮਿੰਗ ਦੇਖ ਸਕਦੇ ਨੇ ।

--------------------------------------------------

ਪੰਜਾਬ ਅਤੇ ਚੰਡੀਗੜ੍ਹ 'ਚ ਸਵੇਰੇ-ਸ਼ਾਮ ਠੰਡ ਦੇ ਨਾਲ-ਨਾਲ ਦਿਨ ਦਾ ਤਾਪਮਾਨ ਵੀ ਘਟਣਾ ਸ਼ੁਰੂ ਹੋ ਗਿਆ ਏ। ਸੂਬੇ ਦੇ ਔਸਤ ਵੱਧ ਤੋਂ ਵੱਧ ਤਾਪਮਾਨ ਵਿਚ 0 ਅਸ਼ਾਰੀਆ 2 ਡਿਗਰੀ ਦੀ ਗਿਰਾਵਟ ਦਰਜ ਕੀਤੀ

ਗਈ ਏ। ਇਹ ਹੁਣ ਆਮ ਤਾਪਮਾਨ ਦੇ ਨੇੜੇ ਪਹੁੰਚ ਗਿਆ ਏ। ਹਾਲਾਂਕਿ, ਪਰਾਲੀ ਸਾੜਨ ਦੀਆਂ ਘਟਨਾਵਾਂ ਕਾਰਨ ਹਵਾ ਵਿਚ ਪ੍ਰਦੂਸ਼ਣ ਵਧਣਾ ਸ਼ੁਰੂ ਹੋ ਗਿਆ ਏ। ਚੰਡੀਗੜ੍ਹ ਸਮੇਤ ਪੰਜਾਬ ਦੇ ਕਈ ਜ਼ਿਲ੍ਹਿਆਂ ਦਾ AQI ਪੱਧਰ ਵਧਿਆ ਏ। ਹਾਲਾਂਕਿ, ਚੰਡੀਗੜ੍ਹ ਦਾ AQI ਪੰਜਾਬ ਦੇ ਸਾਰੇ ਸ਼ਹਿਰਾਂ ਨਾਲੋਂ ਵਧ ਏ। ਇਸ ਦੇ ਨਾਲ ਹੀ ਇਹ 200 ਨੂੰ ਪਾਰ ਕਰ ਗਿਆ ਏ। ਮੌਸਮ ਵਿਭਾਗ ਮੁਤਾਬਕ 28 ਤਰੀਕ ਤੋਂ ਬਾਅਦ ਮੌਸਮ ਵਿਚ ਬਦਲਾਅ ਆਉਣ ਦੀ ਸੰਭਾਵਨਾ ਏ।